# ਦਫ਼ਤਰ ਨਗਰ ਨਿਗਮ ਹੁਸ਼ਿਆਪੁਰ

# ਪ੍ਰੈਸ ਨੋਟ

## ਨਗਰ ਨਿਗਮ ਦੇ ਕੌਂਸਲਰਾਂ ਦੀ ਮਾਸਿਕ ਮੀਟਿੰਗ ਆਯੋਜਿਤ।

**ਕੋਸਲਰਾਂ ਦੀ ਮੰਗ ਅਨੁਸਾਰ ਹਰ ਵਾਰਡ ਵਿੱਚ 1-1 ਲੱਖ ਰੁਪਏ ਦੇ ਛੋਟੇ ਵਿਕਾਸ ਕਾਰਜ ਕਰਵਾਉਣ ਲਈ ਮਤਾ ਪਾਸ........... ਮੇਅਰ ਸ਼ਿਵ ਸੂਦ**

ਹੁਸ਼ਿਆਰਪੁਰ 19 ਅਗਸਤ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਦੀ ਪ੍ਰਧਾਨਗੀ ਹੇਠ ਨਗਰ ਨਿਗਮ ਦੇ ਡਾ: ਬੀ.ਆਰ. ਅੰਬੇਦਕਰ ਮੀਟਿੰਗ ਹਾਲ ਵਿਖੇ ਸਮੂਹ ਕੌਂਸਲਰਾਂ ਦੀ ਇਕ ਮਾਸਿਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਕਾਰਜ ਸਾਧਕ ਅਫ਼ਸਰ ਰਮੇਸ਼ ਕੁਮਾਰ, ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਸੁਪਰਡੰਟ ਅਮਿਤ ਕੁਮਾਰ, ਇੰਸਪੈਕਟਰ ਵਿਜੇ ਕੁਮਾਰ, ਰਾਜਵੰਸ਼ ਕੌਰ, ਕੁਲਵਿੰਦਰ ਕੁਮਾਰ, ਰਵਿੰਦਰ ਠਾਕੁਰ, ਰਾਹੁਲ ਸ਼ਰਮਾ ਅਤੇ ਸਮੂਹ ਕੋਂਸਲਰ ਇਸ ਮੀਟਿੰਗ ਵਿਚ ਹਾਜ਼ਰ ਸਨ।

ਮੀਟਿੰਗ ਦੋਰਾਨ ਪਿਛਲੇ ਦਿੰਨੀ ਮੁੱਖ ਮੰਤਰੀ ਪੰਜਾਬ ਵੱਲੋਂ ਕੀਤੇ ਗਏ ਸਗੰਤ ਦਰਸ਼ਨ ਵਿੱਚ ਨਗਰ ਨਿਗਮ ਦੇ ਵੱਖ ਵੱਖ ਵਾਰਡਾਂ ਲਈ ਦਿੱਤੀ ਗਈ ਰਾਸ਼ੀ ਨਾਲ ਵਿਕਾਸ ਕਾਰਜ ਕਰਵਾਉਣ ਸਬੰਧੀ ਵਿਸਥਾਰਪੂਰਵਤ ਵਿਚਾਰ ਵਟਾਂਦਰਾ ਕਰਨ ਉਪਰੰਤ ਉਹਨ੍ਹਾਂ ਨੇ ਦੱਸਿਆ ਕਿ ਨਗਰ ਨਿਗਮ ਦੇ ਸਮੂਹ ਕੋਂਸਲਰਾਂ ਦੀ ਮੰਗ ਅਨੁਸਾਰ ਉਹਨ੍ਹਾਂ ਦੇ ਵਾਰਡਾਂ ਵਿੱਚ ਛੋਟੇ-ਛੋਟੇ ਕੰਮ ਕਰਵਾਉਣ ਲਈ ਹਾਊਸ ਵੱਲੋਂ ਹਰ ਵਾਰਡ ਵਿੱਚ 1-1 ਲੱਖ ਰੁਪਏ ਦੇ ਵਿਕਾਸ ਕਾਰਜ ਕਰਵਾਉਣ ਲਈ ਹਾਊਸ ਵੱਲੋਂ ਮਤਾ ਪਾਸ ਕੀਤਾ ਗਿਆ।